# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 09-03-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ 10 ਮਾਰਚ ਨੂੰ ਆਦਮਪੁਰ ਸਮੇਤ ਦੇਸ਼ ਦੇ 14 ਹਵਾਈ ਅੱਡਿਆਂ ਦਾ ਔਨਲਾਈਨ ਉਦਘਾਟਨ ਕਰਨਗੇ ਅਤੇ ਨੀਂਹ ਪੱਥਰ ਰੱਖਣਗੇ।
- ਕੇਂਦਰੀ ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੇ ਕਿਹਾ ਏ, ਕਿ ਦੁਨੀਆ ਭਰ ਵਿਚ ਕੱਚੇ ਤੇਲ ਦੀਆਂ ਕੀਮਤਾਂ ਵਿਚ ਵਾਧੇ ਦਾ ਭਾਰਤ 'ਤੇ ਬਹੁਤ ਘੱਟ ਅਸਰ ਪਿਆ ਏ।
- ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਆਯੋਜਿਤ ਕੌਮੀ ਲੋਕ ਅਦਾਲਤਾਂ ਰਾਹੀਂ ਵੱਡੀ ਗਿਣਤੀ ਵਿਚ ਮਾਮਲਿਆਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ।

- ਭਾਰਤ ਨੇ ਧਰਮਸ਼ਾਲਾ ਵਿੱਚ ਇੰਗਲੈਂਡ ਵਿਰੁੱਧ, ਕ੍ਰਿਕਟ ਲੜੀ ਦਾ 5ਵਾਂ ਟੈਸਟ ਮੈਚ ਇੱਕ ਪਾਰੀ ਤੇ 64 ਦੌੜਾਂ ਨਾਲ ਜਿੱਤ ਕੇ ਲੜੀ 4-1 ਨਾਲ ਆਪਣੇ ਨਾਂ ਕੀਤੀ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਜੋਤਿਰਾਦਿਤੀਆ ਸਿੰਧੀਆ ਅਤੇ ਸ਼ਹਿਰੀ ਹਵਾਬਾਜ਼ੀ ਰਾਜ ਮੰਤਰੀ ਜਨਰਲ ਰਿਟਾਇਰਡ ਡਾਕਟਰ ਵਿਜੈ ਕੁਮਾਰ ਸਿੰਘ ਦੀ ਮੌਜੂਦਗੀ ਵਿਚ ਆਦਮਪੁਰ ਸਮੇਤ ਦੇਸ਼ ਦੀਆਂ 14 ਹੋਰ ਥਾਂਵਾਂ ਤੇ ਵੀ ਹਵਾਈ ਅੱਡਿਆਂ ਦਾ ਉਦਘਾਟਨ ਕਰਨਗੇ ਜਾਂ ਨੀਂਹ ਪੱਥਰ ਭਲਕੇ 10 ਮਾਰਚ ਨੂੰ ਰੱਖਣਗੇ। ਇਨਾਂ ਪ੍ਰੋਜੈਕਟਾਂ ਦੀ ਕੁਲ ਲਾਗਤ 9 ਹਜ਼ਾਰ 811 ਕਰੋੜ ਰੁਪਏ ਏ। ਇਹ ਸਮਾਗਮ ਸਵੇਰੇ 11 ਵਜੇ ਸ਼ੁਰੂ ਹੋਵੇਗਾ। ਏਅਰਪੋਰਟਸ ਅਥਾਰਿਟੀ ਆਫ਼ ਇੰਡੀਆ ਦੇ ਇਕ ਬੁਲਾਰੇ ਨੇ ਦੱਸਿਆ ਕਿ ਆਦਮਪੁਰ ਹਵਾਈ ਅੱਡੇ ਦੀ ਨਵੀਂ ਟਰਮੀਨਲ ਈਮਾਰਤ ਦਾ ਉਦਘਾਟਨ ਆਨਲਾਈਨ ਭਲਕੇ ਕਰਨਗੇ। ਆਦਮਪੁਰ ਹਵਾਈ ਅੱਡੇ ਤੇ ਹੋਣ ਵਾਲੇ ਇਕ ਸਮਾਗਮ ਦੌਰਾਨ ਕੇਂਦਰੀ ਵਣਜ ਤੇ ਸਨਅਤ ਰਾਜ ਮੰਤਰੀ ਸੋਮ

ਪ੍ਰਕਾਸ਼, ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ, ਜਲੰਧਰ ਲੋਕ ਸਭ ਹਲਕੇ ਤੋਂ ਸਾਂਸਦ ਸ਼ੁਸ਼ੀਲ ਕੁਮਾਰ ਰਿੰਕੂ, ਰਾਜ ਸਭਾ ਮੇਂਬਰ ਅਸ਼ੋਕ ਮਿੱਤਲ, ਹਰਭਜਨ ਸਿੰਘ ਤੇ ਬਲਬੀਰ ਸਿੰਘ ਸੀਚੇਵਾਲ ਅਤੇ ਆਦਮਪੁਰ ਹਲਕੇ ਤੋਂ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਵੀ ਮੌਜੂਦ ਰਹਿਣਗੇ।

---------------------------------------------------

ਕੇਂਦਰੀ ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੇ ਕਿਹਾ ਏ, ਕਿ ਦੁਨੀਆ ਭਰ 'ਚ ਕੱਚੇ ਤੇਲ ਦੀਆਂ ਕੀਮਤਾਂ 'ਚ ਵਾਧੇ ਦਾ ਭਾਰਤ 'ਤੇ ਬਹੁਤ ਘੱਟ ਅਸਰ ਪਿਆ ਏ । ਅੱਜ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਉਨ੍ਹਾਂ ਕਿਹਾ ਕਿ ਸਾਲ 2020 ਤੋਂ 2022 ਦੌਰਾਨ ਦੇਸ਼ ਵਿੱਚ ਰਸੋਈ ਗੈਸ ਦੀ ਕੀਮਤ ਵਿੱਚ ਸਿਰਫ਼ 72 ਫ਼ੀਸਦੀ ਦਾ ਵਾਧਾ ਹੋਇਆ ਏ, ਜਦੋਂਕਿ ਕੌਮਾਂਤਰੀ ਬਾਜ਼ਾਰ ਵਿੱਚ ਇਸ ਦੀ ਕੀਮਤ ਵਿੱਚ 303 ਫ਼ੀਸਦੀ ਦਾ ਵਾਧਾ ਹੋਇਆ ਏ । ਹਰਦੀਪ ਸਿੰਘ ਪੁਰੀ ਨੇ ਕਿਹਾ ਕਿ ਦੁਨੀਆ ਭਰ 'ਚ ਪੈਟਰੋਲ ਦੀ

ਕੀਮਤ 'ਚ ਵਾਧਾ ਹੋਇਆ ਏ, ਜਦਕਿ ਭਾਰਤ 'ਚ ਪੈਟਰੋਲ ਦੀ ਕੀਮਤ ਸਾਢੇ ਚਾਰ ਫੀਸਦੀ ਤੱਕ ਘੱਟ ਗਈ ਏ।

---------------------------------------------------------------

ਕੇਂਦਰੀ ਮਹਿਲਾ ਤੇ ਬਾਲ ਵਿਕਾਸ ਮੰਤਰਾਲਾ ਅੱਜ ਤੋਂ 23 ਮਾਰਚ ਤੱਕ ਪੋਸ਼ਣ ਪੰਦਰਵਾੜੇ ਦਾ ਆਯੋਜਨ ਕਰ ਰਿਹਾ ਏ। ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਅਨੁਸਾਰ ਸਮਾਜਕ ਸੁਰੱਖਿਆ ਵਿਭਾਗ ਵੱਲੋਂ ਸੂਬੇ ਵਿੱਚ ਵੀ ਪੋਸ਼ਣ ਪੰਦਰਵਾੜਾ ਤਹਿਤ ਕਈ ਗਤੀਵਿਧੀਆਂ ਦਾ ਆਯੋਜਨ ਕੀਤਾ ਜਾਵੇਗਾ।

ਵੇਰਵੇ ਨਾਲ ਇਹ ਰਿਪੋਰਟ : *ਕੇਂਦਰੀ ਮਹਿਲਾ ਤੇ ਬਾਲ ਵਿਕਾਸ ਮੰਤਰਾਲਾ ਨੇ ਮਿਸ਼ਨ ਲਾਈਫ ਵਿੱਚ ਆਂਗਣਵਾੜੀ ਕੇਂਦਰਾਂ ਵਿੱਚ ਸੁਧਰੇ ਹੋਏ ਪੋਸ਼ਣ ਤੇ ਬਾਜਰੇ ਅਤੇ ਪੌਸ਼ਟਿਕ ਭੋਜਨ ਨੂੰ ਉਤਸ਼ਾਹਿਤ ਕਰਨ ਦਾ ਟੀਚਾ ਰੱਖਿਆ ਏ। ਆਂਗਣਵਾੜੀ ਕੇਂਦਰਾਂ ਦੇ ਬੱਚਿਆਂ ਲਈ ਦਸਤ ਪ੍ਰਬੰਧਨ, ਅਨੀਮੀਆ ਸਕ੍ਰੀਨਿੰਗ ਅਤੇ ਸਿਹਤਮੰਦ ਬਾਲ ਮੁਕਾਬਲੇ ਵੀ ਕਰਵਾਏ ਜਾਣਗੇ। ਇਸ ਦੌਰਾਨ ਪੋਸ਼ਣ ਅਤੇ ਸਿੱਖਿਆ ਸਮੇਤ ਜਨ ਜਾਗਰੂਕਤਾ ਅਤੇ ਭਾਈਚਾਰਕ ਕਾਰਜ ਕੀਤੇ ਜਾਣਗੇ। ਪੰਦਰਵਾੜੇ*

*ਦੌਰਾਨ ਗਰਭਵਤੀ ਔਰਤਾਂ ਦੇ ਪੋਸ਼ਣ ਤੇ ਸਿਹਤ ਖੁਰਾਕ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਸਕਸ਼ਮ ਆਂਗਣਵਾੜੀ ਤੇ ਮਿਸ਼ਨ ਪੋਸ਼ਣ ਦੇ ਦੂਜੇ ਪੜਾਅ ਦਾ ਮੁੱਖ ਉਦੇਸ਼ ਨਿਜੀ ਤੇ ਸਮੁਦਾਇਕ ਪੱਧਰ 'ਤੇ ਜਨਤਕ ਭਾਗੀਦਾਰੀ ਰਾਹੀਂ ਸਹੀ ਪੋਸ਼ਣ ਨੂੰ ਉਤਸ਼ਾਹਿਤ ਕਰਨਾ ਏ। ਪੋਸ਼ਣ ਪਖਵਾੜਾ ਤਹਿਤ ਮੁਹਿੰਮ ਨੂੰ ਵੱਡੇ ਪੱਧਰ ‘ਤੇ ਚਲਾਉਣ ਲਈ ਵੱਖ ਵੱਖ ਵਿਭਾਗਾਂ ਦੀਆਂ ਸੇਵਾਵਾਂ ਲਈਆਂ ਜਾਣਗੀਆਂ। ਸਿਹਤਮੰਦ ਖਾਣ-ਪੀਣ ਦੀ ਸ਼ੈਲੀ ਲਈ ਪੋਸ਼ਣ ਪਖਵਾੜਾ ਅਤੇ ਪੋਸ਼ਣ ਮਾਹ ਸਾਲ 2018 ਵਿੱਚ ਪੋਸ਼ਣ ਅਭਿਆਨ ਦੀ ਸ਼ੁਰੂਆਤ ਤੋਂ ਬਾਅਦ ਹਰ ਸਾਲ ਮਨਾਇਆ ਜਾ ਰਿਹਾ ਏ। ਬਿਊਰੋ ਰਿਪੋਰਟ ਨਾਲ ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

-----------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ, ਅੱਜ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਸਾਲ 2024-25 ਲਈ ਆਬਕਾਰੀ ਨੀਤੀ ਨੂੰ ਪ੍ਰਵਾਨਗੀ ਦੇ ਦਿੱਤੀ ਗਈ, ਜਿਹੜੀ ਕਿ ਇਸ ਸਰਕਾਰ ਦੀ ਤੀਜੀ ਨੀਤੀ ਏ। ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ

ਮਾਲੀਏ ਦੀ ਉਗਰਾਹੀ ਦਾ ਟੀਚਾ 10,000 ਕਰੋੜ ਰੁਪਏ ਨੂੰ ਪਾਰ ਕਰਨ ਦੀ ਆਸ ਏ। ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਕ ਅਹਿਮ ਫੈਸਲਾ ਲੈਂਦਿਆਂ ਹੇਠਲੀਆਂ ਅਦਾਲਤਾਂ ਵਿੱਚ ਸਥਿਤ ਨਿਆਂਇਕ ਵਿੰਗ ਦੀਆਂ 3842 ਆਰਜ਼ੀ ਅਸਾਮੀਆਂ ਨੂੰ ਸਥਾਈ ਅਸਾਮੀਆਂ ਵਿੱਚ ਤਬਦੀਲ ਕਰਨ ਦੀ ਪ੍ਰਵਾਨਗੀ ਦਿੱਤੀ ਗਈ। ਮੰਤਰੀ ਮੰਡਲ ਨੇ ਜਿਨਸੀ ਅਪਰਾਧ ਤੋਂ ਬੱਚਿਆਂ ਦੇ ਬਚਾਅ ਸਬੰਧੀ ਐਕਟ (ਪੌਕਸੋ) ਅਤੇ ਜਬਰ-ਜਨਾਹ ਨਾਲ ਸਬੰਧਤ ਮਾਮਲਿਆਂ ਦੇ ਤੇਜ਼ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਸੰਗਰੂਰ ਤੇ ਤਰਨ ਤਾਰਨ ਜ਼ਿਲ੍ਹਿਆਂ ਵਿੱਚ ਦੋ ਫਾਸਟ ਟਰੈਕ ਵਿਸ਼ੇਸ਼ ਅਦਾਲਤਾਂ ਸਥਾਪਤ ਕਰਨ ਅਤੇ ਲੋਕਾਂ ਨੂੰ ਨਿਰਵਿਘਨ ਤੇ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਮੈਡੀਕਲ ਅਫਸਰ (ਜਨਰਲ) ਦੀਆਂ 189 ਅਸਾਮੀਆਂ ਬਹਾਲ ਕਰਨ ਅਤੇ ਮੈਡੀਕਲ ਅਫਸਰ (ਜਨਰਲ) ਦੀਆਂ 1390 ਅਸਾਮੀਆਂ ਹੋਰ ਸਿਰਜਣ ਦੀ ਪ੍ਰਵਾਨਗੀ ਦਿੱਤੀ ਗਈ ਏ। ਬੁਲਾਰੇ ਨੇ ਦੱਸਿਆ ਕਿ ਮੈਡੀਕਲ ਅਫਸਰ (ਜਨਰਲ) ਦੀਆਂ 1940 ਖਾਲੀ ਅਸਾਮੀਆਂ ਨੂੰ ਪੰਜਾਬ ਲੋਕ ਸੇਵਾ ਕਮਿਸ਼ਨ ਦੇ ਅਧਿਕਾਰ ਖੇਤਰ ਵਿੱਚੋਂ ਕੱਢ ਕੇ ਬਾਬਾ ਫ਼ਰੀਦ

ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਫਰੀਦਕੋਟ ਰਾਹੀਂ ਭਰਿਆ ਜਾਵੇਗਾ। ਮੰਤਰੀ ਮੰਡਲ ਨੇ 2 ਕਰੋੜ ਰੁਪਏ ਤੱਕ ਦਾ ਕਾਰੋਬਾਰ ਕਰਨ ਵਾਲੇ ਵਪਾਰੀਆਂ ਨੂੰ ਵੀ ਸਿਹਤ ਬੀਮਾ ਯੋਜਨਾ ਦਾ ਲਾਭ ਦੇਣ ਦੀ ਪ੍ਰਵਾਨਗੀ ਦੇ ਦਿੱਤੀ ਏ ਜਦਕਿ ਇਸ ਤੋਂ ਪਹਿਲਾਂ ਇਹ ਲਾਭ ਇਕ ਕਰੋੜ ਰੁਪਏ ਤੱਕ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਮਿਲਦਾ ਸੀ।

-----------------------------------------------------------

ਚੋਣਾਂ ਵਿੱਚ ਨੌਜਵਾਨਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਦੇਸ਼ ਭਰ ਵਿੱਚ ਵਿਆਪਕ ਵੋਟਰ ਜਾਗਰੂਕਤਾ ਮੁਹਿੰਮ - ‘ਮੇਰਾ ਪਹਿਲਾ ਵੋਟ ਦੇਸ਼ ਕੇ ਲਿਏ’ ਚਲਾਈ ਜਾ ਰਹੀ ਏ। ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਖਾਸ ਤੌਰ ਤੇ ਨੌਜਵਾਨ ਵੋਟਰਾਂ ਨੂੰ ਵੋਟ ਪਾਉਣ ਲਈ ਉਤਸ਼ਾਹਿਤ ਕਰਨਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਰ ਵਰਗ ਦੇ ਲੋਕਾਂ ਨੂੰ ਪਹਿਲੀ ਵਾਰ ਵੋਟ ਪਾਉਣ ਵਾਲੇ ਵੋਟਰਾਂ ਵਿੱਚ 'ਮੇਰਾ ਪਹਿਲਾ ਵੋਟ ਦੇਸ਼ ਕੇ ਲਿਏ' ਮੁਹਿੰਮ ਬਾਰੇ ਸੰਦੇਸ਼ ਫੈਲਾਉਣ ਦੀ ਅਪੀਲ ਕੀਤੀ ਏ। ਇਸਨੂੰ ਲੈਕੇ ਨੌਜਵਾਨਾਂ ਵਿਚ ਉਤਸ਼ਾਹ ਏ।

----------------------------------------------------------------

ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੱਜ ਪੰਜਾਬ ਵਿਚ ਕੌਮੀ ਲੋਕ ਅਦਾਲਤ ਲਗਾਈ ਗਈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਜੱਜ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਵੱਖ ਵੱਖ ਥਾਈਂ ਲੋਕ ਅਦਾਲਤਾਂ ਦਾ ਆਯੋਜਨ ਕੀਤਾ ਗਿਆ। ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਸ਼ੈਸ਼ਨ ਡਵੀਜ਼ਨ ਵਿੱਚ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਜ ਕੁਮਾਰਦੀ ਪ੍ਰਧਾਨਗੀ ਹੇਠ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ 08 ਬੈਂਚ ਸ੍ਰੀ ਮੁਕਤਸਰ ਸਾਹਿਬ ਵਿਖੇ, ਮਲੋਟ ਵਿਖੇ 3 ਅਤੇ ਗਿਦੜਬਾਹਾ ਵਿਖੇ 2 ਬੈਂਚ ਲਗਾਏ ਗਏ। ਇਨਾਂ ਬੇਂਚ ਵਿਚ ਕੁਲ 9 ਹਜ਼ਾਰ 966 ਮਾਮਲਿਆਂ ਦਾ ਆਪਸੀ ਰਜ਼ਾਮੰਦੀ ਨਾਲ ਨਿਪਟਾਰਾ ਕੀਤਾ ਗਿਆ। ਫਤਹਿਗੜ੍ਹ ਸਾਹਿਬ ਜ਼ਿਲੇ ਵਿਚ ਕੌਮੀ ਲੋਕ ਅਦਾਲਤ ਦੌਰਾਨ 5 ਹਜ਼ਾਰ 862 ਮਾਮਲਿਆਂ ਦਾ ਨਿਪਟਾਰਾ ਕੀਤਾ

ਗਿਆ। ਜਿਲ੍ਹਾ ਅਤੇ ਸੈਸ਼ਨਜ਼ ਜੱਜ ਅਰੁਣ ਗੁਪਤਾ ਸਮੇਤ ਬਾਕੀ ਲੋਕ ਅਦਾਲਤ ਬੈਂਚਾਂ ਵਲੋਂ ਕੀਤੇ ਯਤਨਾਂ ਸਦਕਾ ਪੁਰਾਣੇ ਚਲਦੇ ਮਾਮਲਿਆਂ ਨੂੰ ਨਿਪਟਾਇਆ ਗਿਆ ਅਤੇ ਵਿਵਾਹਿਕ ਜੋੜਿਆਂ ਨੂੰ ਮਿਲਾਇਆ ਗਿਆ। ਮਾਨਸਾ ਦੇ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਪ੍ਰੀਤੀ ਸਾਹਨੀ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਪੁਸ਼ਪਿੰਦਰ ਸਿੰਘ ਦੀ ਅਗਵਾਈ ਵਿੱਚ ਜ਼ਿਲ੍ਹਾ ਕੋਰਟ ਕੰਪਲੈਕਸ,ਮਾਨਸਾ,ਸਬ-ਡਵੀਜ਼ਨਲ ਕੋਰਟ ਕੰਪਲੈਕਸ ਸਰਦੂਲਗੜ੍ਹ ਤੇ ਬੁਢਲਾਡਾ ਵਿਖੇ ਕੌਮੀ ਲੋਕ ਅਦਾਲਤ ਲਗਾਈ ਗਈ। ਨਿਪਟਾਰਾ ਕੀਤੇ ਗਏ ਕੁੱਲ 5 ਹਜ਼ਾਰ 24 ਮਾਮਲਿਆਂ ਵਿੱਚ 19 ਕਰੋੜ 76 ਲੱਖ ਰੁਪਏ ਤੋਂ ਵੱਧ ਦੇ ਅਵਾਰਡ ਪਾਸ ਕੀਤੇ ਗਏ। ਮੰਤਰੀ ਮੰਡਲ ਨੇ ਜ਼ਿਲ੍ਹਾ ਮੋਗਾ ਵਿੱਚ ਜ਼ਿਲ੍ਹਾ ਤੇ ਸੈਸ਼ਨ ਜੱਜ ਅਤੁਲ ਕਸਾਨਾ ਦੀ ਅਗਵਾਈ ਹੇਠ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਲੋਕ ਅਦਾਲਤ ਵਿੱਚ ਵੱਖਰੇ-ਵੱਖਰੇ 20 ਬੈਂਚ ਬਣਾਏ ਗਏ। ਕੁੱਲ 8934 ਕੇਸ ਰੱਖੇ ਗਏ ਸਨ ਜਿਨ੍ਹਾਂ ਵਿਚੋਂ 6009 ਪ੍ਰੀ-ਲਿਟੀਗੇਟਿਵ ਅਤੇ 829 ਪੈਂਡਿੰਗ ਕੇਸਾਂ ਦਾ ਮੌਕੇ ਤੇ ਆਪਸੀ ਰਜਾਮੰਦੀ ਨਾਲ ਰਾਜ਼ੀਨਾਮਾ ਕਰਵਾਇਆ ਗਿਆ

ਅਤੇ 56 ਕਰੋੜ 57 ਲੱਖ 85 ਹਜ਼ਾਰ 984 ਰੁਪਏ ਦੇ ਅਵਾਰਡ ਪਾਸ ਕੀਤੇ ਗਏ। ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਬਠਿੰਡਾ ਸੁਮੀਤ ਮਲਹੋਤਰਾ ਦੀ ਰਹਿਨੁਮਾਈ ਹੇਠ ਕੌਮੀ ਲੋਕ ਅਦਾਲਤ ਦਾ ਅਯੋਜਨ ਕੀਤਾ ਗਿਆ। ਇਸ ਕੌਮੀ ਲੋਕ ਅਦਾਲਤ ਵਿਚ ਕੁੱਲ 20047 ਕੇਸ ਲਗਾਏ ਗਏ ਅਤੇ 11558 ਕੇਸਾਂ ਦਾ ਨਿਪਟਾਰਾ ਕੀਤਾ ਗਿਆ।

---------------------------------------------------

ਭਾਰਤ ਨੇ ਅੱਜ ਧਰਮਸ਼ਾਲਾ ਵਿੱਚ ਇੰਗਲੈਂਡ ਵਿਰੁੱਧ ਕ੍ਰਿਕਟ ਲੜੀ ਦਾ 5ਵਾਂ ਟੈਸਟ ਮੈਚ ਇੱਕ ਪਾਰੀ ਅਤੇ 64 ਦੌੜਾਂ ਨਾਲ ਜਿੱਤ ਲਿਆ। ਇਸ ਜਿੱਤ ਨਾਲ ਭਾਰਤ ਨੇ ਪੰਜ ਮੈਚਾਂ ਦੀ ਲੜੀ 4-1 ਨਾਲ ਆਪਣੇ ਨਾਂ ਕਰ ਲਈ। ਇਹ ਟੈਸਟ ਮੈਚ ਤੀਜੇ ਦਿਨ ਹੀ ਖਤਮ ਹੋ ਗਿਆ। ਟੀਮ ਇੰਡੀਆ ਦੀ ਇਹ ਜਿੱਤ ਕਾਫੀ ਇਤਿਹਾਸਕ ਏ ਕਿਉਂਕਿ ਟੈਸਟ ਕ੍ਰਿਕਟ 'ਚ 112 ਸਾਲ ਬਾਅਦ ਕਿਸੇ ਟੀਮ ਨੇ ਪਹਿਲਾ ਟੈਸਟ ਮੈਚ ਹਾਰਨ ਤੋਂ ਬਾਅਦ ਪੰਜ ਮੈਚਾਂ ਦੀ ਟੈਸਟ ਸੀਰੀਜ਼ 4-1 ਨਾਲ ਜਿੱਤੀ ਏ। ਇੰਗਲੈਂਡ ਨੇ ਪਹਿਲੀ ਪਾਰੀ ਵਿੱਚ 218 ਦੌੜਾਂ ਬਣਾਈਆਂ ਸਨ।

ਜਵਾਬ 'ਚ ਭਾਰਤ ਦੀ ਪਹਿਲੀ ਪਾਰੀ ਅੱਜ ਸਵੇਰੇ ਪਹਿਲੇ ਸੈਸ਼ਨ ਦੌਰਾਨ 477 ਦੌੜਾਂ 'ਤੇ ਸਮਾਪਤ ਹੋਈ । ਇਸ ਤਰ੍ਹਾਂ ਟੀਮ ਇੰਡੀਆ ਨੂੰ 259 ਦੌੜਾਂ ਦੀ ਅਹਿਮ ਲੀਡ ਮਿਲ ਗਈ ਸੀ । ਇੰਗਲੈਂਡ ਦੇ ਬੱਲੇਬਾਜ਼ ਦੂਜੀ ਪਾਰੀ ਵਿਚ ਸਿਰਫ 195 ਦੌੜਾਂ 'ਤੇ ਹੀ ਆਲ ਆਊਟ ਹੋ ਗਏ ਅਤੇ ਇਸ ਤਰ੍ਹਾਂ ਨਾਲ ਭਾਰਤ ਨੇ ਇਹ ਮੈਚ ਇਕ ਪਾਰੀ ਅਤੇ 64 ਦੌੜਾਂ ਦੇ ਵੱਡੇ ਫਰਕ ਨਾਲ ਜਿੱਤ ਲਿਆ ।

---

<u>**ਆਖਿਰ ਵਿਚ ਖਾਸ ਖ਼ਬਰਾਂ ਇਕ ਵਾਰ ਫੇਰ ਤੋਂ**</u>

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ 10 ਮਾਰਚ ਨੂੰ ਆਦਮਪੁਰ ਸਮੇਤ ਦੇਸ਼ ਦੇ 14 ਹਵਾਈ ਅੱਡਿਆਂ ਦਾ ਔਨਲਾਈਨ ਉਦਘਾਟਨ ਕਰਨਗੇ ਅਤੇ ਨੀਂਹ ਪੱਥਰ ਰੱਖਣਗੇ ।
- ਕੇਂਦਰੀ ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੇ ਕਿਹਾ ਏ, ਕਿ ਦੁਨੀਆ ਭਰ ਵਿਚ ਕੱਚੇ ਤੇਲ ਦੀਆਂ ਕੀਮਤਾਂ ਵਿਚ ਵਾਧੇ ਦਾ ਭਾਰਤ 'ਤੇ ਬਹੁਤ ਘੱਟ ਅਸਰ ਪਿਆ ਏ ।

- ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਆਯੋਜਿਤ ਕੌਮੀ ਲੋਕ ਅਦਾਲਤਾਂ ਰਾਹੀਂ ਵੱਡੀ ਗਿਣਤੀ ਵਿਚ ਮਾਮਲਿਆਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ।
- ਭਾਰਤ ਨੇ ਧਰਮਸ਼ਾਲਾ ਵਿੱਚ ਇੰਗਲੈਂਡ ਵਿਰੁੱਧ, ਕ੍ਰਿਕਟ ਲੜੀ ਦਾ 5ਵਾਂ ਟੈਸਟ ਮੈਚ ਇੱਕ ਪਾਰੀ ਤੇ 64 ਦੌੜਾਂ ਨਾਲ ਜਿੱਤ ਕੇ ਲੜੀ 4-1 ਨਾਲ ਆਪਣੇ ਨਾਂ ਕੀਤੀ।

**ਇਸਦੇ ਨਾਲ ਹੀ ਪ੍ਰਦੇਸ਼ਕ ਖ਼ਬਰਾਂ ਖਤਮ ਹੋਈਆਂ, ਨਮਸਕਾਰ !**